ਚੰਡੀਗੜ੍ਹ ਅਜੀਤ
ਅਜੀਤ ਚੰਡੀਗੜ੍ਹ
5
ਬੁੱਧਵਾਰ, 29 ਅਕਤੂਬਰ 2025

# ਚੰਡੀਗੜ੍ਹ ਦੇ ਡੀ. ਸੀ. ਨੇ ਚੋਣ ਤਿਆਰੀਆਂ ਦੀ ਕੀਤੀ ਸਮੀਖਿਆ

## ਪੋਲਿੰਗ ਸਟੇਸ਼ਨਾਂ ਦੇ ਪੁਨਰਗਠਨ ਤੇ ਬੂਥ ਲੈਵਲ ਏਜੰਟਾਂ ਦੀ ਨਿਯੁਕਤੀ ਦਾ ਵੀ ਲਿਆ ਜਾਇਜ਼ਾ

ਚੰਡੀਗੜ੍ਹ, 28 ਅਕਤੂਬਰ (ਸੰਦੀਪ ਕੁਮਾਰ ਮਾਹਨਾ)-ਆਉਣ ਵਾਲੀਆਂ ਚੋਣਾਂ ਦੀ ਤਿਆਰੀ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਲਈ ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਨਿਸ਼ਾਂਤ ਕੁਮਾਰ ਯਾਦਵ ਦੀ ਪ੍ਰਧਾਨਗੀ ਹੇਠ ਇਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਬੈਠਕ ਦਾ ਮੁੱਖ ਮਕਸਦ ਪੋਲਿੰਗ ਸਟੇਸ਼ਨਾਂ ਦੇ ਪੁਨਰਗਠਨ ਅਤੇ ਬੂਥ ਲੈਵਲ ਏਜੰਟਾਂ (ਬੀਐੈਲਓਜ਼) ਦੀ ਨਿਯੁਕਤੀ ਸਬੰਧੀ ਤਿਆਰੀਆਂ ਦੀ ਸਮੀਖਿਆ ਕਰਨਾ ਸੀ।

ਚੰਡੀਗੜ੍ਹ 'ਚ ਬਣਾਏ ਗਏ 10 ਨਵੇਂ ਪੋਲਿੰਗ ਸਟੇਸ਼ਨ- ਮੀਟਿੰਗ ਦੌਰਾਨ ਭਾਰਤ ਦੇ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਤਹਿਤ ਚੰਡੀਗੜ੍ਹ ਦੇ ਸਾਰੇ ਪੋਲਿੰਗ ਸਟੇਸ਼ਨਾਂ ਦਾ ਪੁਨਰਗਠਨ ਕੀਤਾ ਗਿਆ ਤਾਂ ਜੋ ਹਰ ਪੋਲਿੰਗ ਸਟੇਸ਼ਨ 'ਤੇ ਵੋਟਰਾਂ ਦੀ ਔਸਤ ਗਿਣਤੀ 1,200 ਤੋਂ ਘੱਟ ਰਹੇ। ਵੋਟਰਾਂ ਦੀ ਸੁਵਿਧਾ ਨੂੰ ਧਿਆਨ 'ਚ ਰੱਖਦੇ ਹੋਏ 10 ਨਵੇਂ ਪੋਲਿੰਗ ਸਟੇਸ਼ਨ ਸਥਾਪਿਤ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਖੇਤਰ 'ਚ ਭੀੜ ਜਾਂ ਅਸੁਵਿਧਾ ਦੀ ਸਥਿਤੀ ਪੈਦਾ ਨਾ ਹੋਵੇ। ਇਸ ਪ੍ਰਕਿਰਿਆ ਤਹਿਤ ਆਦਰਸ਼ ਕਾਲੋਨੀ ਦੇ ਢਾਹੁਣ ਤੋਂ ਬਾਅਦ ਸੈਕਟਰ 54 (ਪੋਲਿੰਗ ਸਟੇਸ਼ਨ ਨੰਬਰ 33) 'ਚ ਮੌਜੂਦ ਪੋਲਿੰਗ ਸਟੇਸ਼ਨ ਨੂੰ ਹਟਾਇਆ ਗਿਆ ਹੈ, ਜਦਕਿ ਸੈਕਟਰ 52 (ਪੋਲਿੰਗ ਸਟੇਸ਼ਨ ਨੰਬਰ 588) ਵਿਚ ਪੋਲਿੰਗ ਸਟੇਸ਼ਨ ਨੂੰ ਵੋਟਰਾਂ ਦੀ ਘੱਟ ਗਿਣਤੀ ਅਤੇ ਰਿਹਾਇਸ਼ੀ ਖੇਤਰ ਤੋਂ ਦੂਰੀ ਕਾਰਨ ਰੱਦ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮਨੀਮਾਜਰਾ ਖੇਤਰ ਨੂੰ ਚੋਣ ਉਦੇਸ਼ਾਂ ਲਈ ਸੈਕਟਰ 13 (ਮਨੀਮਾਜਰਾ) ਵਜੋਂ ਮੁੜ ਨਾਮਜ਼ਦ ਕੀਤਾ ਗਿਆ ਹੈ।

ਚੰਡੀਗੜ੍ਹ 'ਚ ਹੋਣਗੇ ਹੁਣ 622 ਪੋਲਿੰਗ ਸਟੇਸ਼ਨ- ਪੁਨਰਗਠਨ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ, ਚੰਡੀਗੜ੍ਹ 'ਚ ਆਗਾਮੀ ਚੋਣਾਂ ਲਈ ਕੁੱਲ 622 ਪੋਲਿੰਗ ਸਟੇਸ਼ਨਾਂ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ। ਇਹ ਸਾਰੇ ਪੋਲਿੰਗ ਸਟੇਸ਼ਨ ਸੁਵਿਧਾਜਨਕ ਸਥਾਨਾਂ 'ਤੇ ਬਣਾਏ ਗਏ ਹਨ, ਜਿੱਥੇ ਵੋਟਰਾਂ ਦੀ ਆਵਾਜਾਈ ਆਸਾਨ ਹੋਵੇਗੀ ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਵੋਟਰਾਂ ਲਈ ਵੀ ਪ੍ਰਬੰਧ ਕੀਤੇ ਜਾਣਗੇ। ਡਿਪਟੀ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ 'ਬੂਥ ਲੈਵਲ ਏਜੰਟਾਂ' (ਬੀਐੈਲਓਜ਼) ਦੀ ਨਿਯੁਕਤੀ ਜਲਦੀ ਤੋਂ ਜਲਦੀ ਪੂਰੀ ਕਰਨ ਲਈ ਕਿਹਾ। ਉਨ੍ਹਾਂ ਨੇ ਕਿਹਾ ਕਿ ਬੀ.ਐੈਲ.ਓਜ਼. ਦੀ ਸਮੇਂ ਸਿਰ ਨਿਯੁਕਤੀ ਨਾਲ ਬੂਥ ਪੱਧਰ 'ਤੇ ਪਾਰਦਰਸ਼ਤਾ, ਤਾਲਮੇਲ ਅਤੇ ਪ੍ਰਭਾਵਸ਼ਾਲੀ ਸੰਚਾਰ ਬਣਾਈ ਰੱਖਣ ਵਿਚ ਸਹਾਇਤਾ ਮਿਲੇਗੀ। ਉਨ੍ਹਾਂ ਨੇ ਪਾਰਟੀਆਂ ਨੂੰ ਤਾਕੀਦ ਕੀਤੀ ਕਿ ਉਹ ਆਪਣੇ ਬੀ.ਐੈਲ.ਓਜ਼ ਦੀ ਸੂਚੀ ਚੋਣ ਵਿਭਾਗ ਨੂੰ ਨਿਰਧਾਰਤ ਸਮੇਂ ਅੰਦਰ ਮੁਹੱਈਆ ਕਰਵਾਉਣ ਤਾਂ ਜੋ ਉਨ੍ਹਾਂ ਨੂੰ ਸਬੰਧਤ ਪੋਲਿੰਗ ਸਟੇਸ਼ਨਾਂ ਨਾਲ ਜੋੜਿਆ ਜਾ ਸਕੇ ਅਤੇ ਚੋਣ ਪ੍ਰਕਿਰਿਆ 'ਚ ਪੂਰੀ ਪਾਰਦਰਸ਼ਤਾ ਰਹੇ।

ਮੀਟਿੰਗ ਦੌਰਾਨ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ 'ਤੇ ਜ਼ੋਰ- ਡੀ. ਸੀ. ਨਿਸ਼ਾਂਤ ਕੁਮਾਰ ਯਾਦਵ ਨੇ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਨੇ ਸਾਰੇ ਅਧਿਕਾਰੀਆਂ ਅਤੇ ਸਿਆਸੀ ਪਾਰਟੀਆਂ ਨੂੰ ਸਹਿਯੋਗ ਨਾਲ ਕੰਮ ਕਰਨ ਦੀ ਅਪੀਲ ਕੀਤੀ ਤਾਂ ਜੋ ਚੰਡੀਗੜ੍ਹ 'ਚ ਚੋਣਾਂ ਸ਼ਾਂਤਮਈ ਅਤੇ ਨਿਰਪੱਖ ਢੰਗ ਨਾਲ ਨੇਪਰੇ ਚੜ੍ਹ ਸਕਣ।



ਚੰਡੀਗੜ੍ਹ ਦੇ ਡੀ. ਸੀ. ਨਿਸ਼ਾਂਤ ਕੁਮਾਰ ਯਾਦਵ ਯੂ. ਟੀ. ਪ੍ਰਸ਼ਾਸਨ ਦੇ ਚੋਣ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ। ਤਸਵੀਰ : ਗੁਰਿੰਦਰ ਸਿੰਘ



ਚੰਡੀਗੜ੍ਹ ਦੇ ਸੈਕਟਰ-25 ਸਥਿਤ ਸਾਲਿਡ ਵੇਸਟ ਪਲਾਂਟ ਵਿਖੇ ਯੂ. ਟੀ. ਇੰਪਲਾਈਜ਼ ਐਂਡ ਵਰਕਰਜ਼ ਫੈਡਰੇਸ਼ਨ ਚੰਡੀਗੜ੍ਹ ਦੇ ਆਗੂ ਅਤੇ ਵਰਕਰ ਗੇਟ ਰੈਲੀ ਕਰਦੇ ਹੋਏ। ਤਸਵੀਰ : ਗੁਰਿੰਦਰ ਸਿੰਘ

# ਚੰਡੀਗੜ੍ਹ ਯੂ. ਟੀ. ਇੰਪਲਾਈਜ਼ ਐਂਡ ਵਰਕਰਜ਼ ਫੈਡਰੇਸ਼ਨ ਵਲੋਂ ਗੇਟ ਰੈਲੀ

ਚੰਡੀਗੜ੍ਹ, 28 ਅਕਤੂਬਰ (ਅਜਾਇਬ ਸਿੰਘ ਔਜਲਾ)-ਯੂ. ਟੀ. ਇੰਪਲਾਈਜ਼ ਐਂਡ ਵਰਕਰਜ਼ ਫੈਡਰੇਸ਼ਨ, ਚੰਡੀਗੜ੍ਹ ਦੇ ਸੱਦੇ 'ਤੇ 12 ਨਵੰਬਰ ਨੂੰ ਸੈਕਟਰ-17 ਸਥਿਤ ਨਗਰ ਨਿਗਮ ਦਫ਼ਤਰ ਵਿਖੇ ਹੋਣ ਵਾਲੀ ਹੜਤਾਲ ਦੀ ਤਿਆਰੀ ਵਜੋਂ ਸੈਕਟਰ 25 ਸਥਿਤ ਸਾਲਿਡ ਵੇਸਟ ਪਲਾਂਟ ਵਿਖੇ ਇਕ ਗੇਟ ਮੀਟਿੰਗ ਅਤੇ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਫੈਡਰੇਸ਼ਨ ਦੇ ਪ੍ਰਧਾਨ ਰਾਜੇਂਦਰ ਕਟੋਚ, ਜਨਰਲ ਸਕੱਤਰ ਹਰਕੇਸ਼ ਚੰਦ, ਚੇਅਰਮੈਨ ਗੋਪਾਲ ਦੱਤ ਜੋਸ਼ੀ, ਜਲ ਸਪਲਾਈ ਪ੍ਰਧਾਨ ਹਰਪਾਲ ਸਿੰਘ, ਯੂਨੀਅਨ ਸਕੱਤਰ ਤੇਜਮਣੀ ਤੇ ਰਾਜਕੁਮਾਰ ਨੇ ਮੰਗਾਂ ਪ੍ਰਤੀ ਨਕਾਰਾਤਮਕ ਰਵੱਈਏ ਲਈ ਨਗਰ ਨਿਗਮ ਅਥਾਰਟੀ ਦੀ ਸਖ਼ਤ ਨਿੰਦਾ ਕੀਤੀ ਅਤੇ ਦੋਸ਼ ਲਗਾਇਆ ਕਿ ਅਧਿਕਾਰੀਆਂ ਦੇ ਅੜੀਅਲ ਰਵੱਈਏ ਕਾਰਨ ਕਰਮਚਾਰੀਆਂ ਨੂੰ ਦੀਵਾਲੀ ਤੋਂ ਪਹਿਲਾਂ ਤਨਖ਼ਾਹਾਂ ਨਹੀਂ ਦਿੱਤੀਆਂ ਗਈਆਂ ਅਤੇ ਦੀਵਾਲੀ ਦਾ ਤਿਉਹਾਰ ਫਿੱਕਾ ਰਿਹਾ ਹੈ। ਬੁਲਾਰਿਆਂ ਨੇ ਕਿਹਾ ਕਿ 12 ਨਵੰਬਰ ਨੂੰ ਦਿੱਤਾ ਜਾਣ ਵਾਲਾ ਧਰਨਾ ਅਤੇ ਪ੍ਰਦਰਸ਼ਨ ਸੱਤਵੇਂ ਤਨਖ਼ਾਹ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ ਅਤੇ ਬਕਾਏ ਜਾਰੀ ਕਰਨ, ਸੋਧੇ ਹੋਏ ਕਰੀਅਰ ਤਰੱਕੀ, ਵਰਦੀਆਂ ਸਮੇਤ ਸਾਰੇ ਭੱਤੇ, 10 ਸਾਲ ਪੂਰੇ ਕਰ ਚੁੱਕੇ ਸਾਰੇ ਰੋਜ਼ਾਨਾ ਤਨਖਾਹ ਵਾਲੇ ਠੇਕਾ ਕਰਮਚਾਰੀਆਂ ਨੂੰ ਨਿਯਮਤ ਕਰਨ, ਆਊਟਸੋਰਸ ਕੀਤੇ ਕਰਮਚਾਰੀਆਂ ਨੂੰ ਠੇਕੇਦਾਰਾਂ ਤੋਂ ਮੁਕਤ ਕਰਨ ਅਤੇ ਉਨ੍ਹਾਂ ਨੂੰ ਸਿੱਧੇ ਵਿਭਾਗਾਂ ਅਧੀਨ ਲਿਆਉਣ, ਸਾਰੇ ਅਸਥਾਈ ਕਰਮਚਾਰੀਆਂ ਲਈ ਬਰਾਬਰ ਕੰਮ ਲਈ ਬਰਾਬਰ ਤਨਖਾਹ ਲਾਗੂ ਕਰਨ ਅਤੇ ਆਊਟਸੋਰਸ ਕੀਤੇ ਕਰਮਚਾਰੀਆਂ ਦੀ ਛਾਂਟੀ ਬੰਦ ਕਰਨ, ਬਰਖ਼ਾਸਤ ਅਤੇ ਜ਼ਬਰਦਸਤੀ ਸੇਵਾਮੁਕਤ ਕੀਤੇ ਗਏ ਫਰਾਂਸੀਸੀ ਕਰਮਚਾਰੀਆਂ ਨੂੰ ਤੁਰੰਤ ਬਹਾਲ ਕਰਨ ਅਤੇ ਉਨ੍ਹਾਂ ਦੀਆਂ ਪਿਛਲੀਆਂ ਤਨਖ਼ਾਹਾਂ ਬਹਾਲ ਕਰਨ, ਐਮ.ਓ.ਯੂ ਰਾਹੀਂ ਐਮ.ਸੀ ਬਾਗ਼ਬਾਨੀ ਵਿਭਾਗ ਅਧੀਨ ਪਾਰਕਾਂ ਅਤੇ ਗ੍ਰੀਨ ਬੈਲਟਾਂ ਨੂੰ ਸੁਸਾਇਟੀਆਂ ਨੂੰ ਸੌਂਪਣ ਦੇ ਫੈਸਲੇ ਨੂੰ ਰੱਦ ਕਰਨ ਤੋਂ ਇਲਾਵਾ ਐਮ.ਸੀ ਦੇ ਇੰਜੀਨੀਅਰਿੰਗ ਵਿਭਾਗ ਵਿਚ ਪਹਿਲਾਂ ਤੋਂ ਚੱਲ ਰਹੇ ਟੈਂਡਰਾਂ ਦੀ ਮਿਤੀ ਵਧਾਉਣ ਅਤੇ ਜਲਦੀ ਹੀ ਨਵੇਂ ਟੈਂਡਰ ਜਾਰੀ ਕਰਨ, ਅਤੇ ਆਊਟਸੋਰਸ ਕੀਤੇ ਕਰਮਚਾਰੀਆਂ ਦੀਆਂ ਰੋਕੀਆਂ ਗਈਆਂ ਤਨਖਾਹਾਂ ਤੁਰੰਤ ਜਾਰੀ ਕਰਨ, ਸਾਰਿਆਂ ਨੂੰ ਡੀ.ਸੀ ਦਰ 'ਤੇ ਬਕਾਏ ਅਤੇ ਸੇਵਾਮੁਕਤ ਕਰਮਚਾਰੀਆਂ ਨੂੰ ਪੈਨਸ਼ਨ ਅਤੇ ਗ੍ਰੈਚੁਟੀ ਦੇਣ ਦੀਆਂ ਮੰਗਾਂ ਦੇ ਸਮਰਥਨ ਵਿਚ ਇਹ ਹੜਤਾਲ ਕੀਤੀ ਜਾ ਰਹੀ ਹੈ। ਆਗੂਆਂ ਨੇ ਸਾਰੇ ਕਰਮਚਾਰੀਆਂ ਨੂੰ 12 ਨਵੰਬਰ, 2025 ਨੂੰ ਹੜਤਾਲ ਵਿਚ ਵੱਡੀ ਗਿਣਤੀ ਵਿਚ ਹਿੱਸਾ ਲੈਣ ਦੀ ਵੀ ਅਪੀਲ ਕੀਤੀ।

# 'ਯੁੱਧ ਨਸ਼ਿਆਂ ਵਿਰੁੱਧ' ਦੇ 241ਵੇਂ ਦਿਨ ਪੰਜਾਬ ਪੁਲਿਸ ਵਲੋਂ 10.6 ਕਿਲੋ ਹੈਰੋਇਨ ਸਮੇਤ 58 ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 28 ਅਕਤੂਬਰ (ਅਜੀਤ ਬਿਊਰੋ)-ਸੂਬੇ ਵਿਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਵਿੱਢੇ ਗਏ 'ਯੁੱਧ ਨਸ਼ਿਆਂ ਵਿਰੁੱਧ' ਦੇ 241ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 311 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿਚ 48 ਐੱਫ. ਆਈ. ਆਰਜ਼. ਦਰਜ ਕਰਕੇ 58 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 241 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 34,362 ਹੋ ਗਈ ਹੈ। ਇਨ੍ਹਾਂ ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿਚੋਂ 10.6 ਕਿਲੋ ਹੈਰੋਇਨ ਅਤੇ 1 ਕਿਲੋ ਗਾਂਜਾ ਬਰਾਮਦ ਕੀਤਾ ਗਿਆ ਹੈ। ਇਸ ਆਪ੍ਰੇਸ਼ਨ ਦੌਰਾਨ 60 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 900 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿਚ 311 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 331 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ।

### ਨਸ਼ਾ ਛੁਡਾਉਣ ਸੰਬੰਧੀ ਯਤਨਾਂ ਦੇ ਹਿੱਸੇ ਵਜੋਂ ਪੰਜਾਬ ਪੁਲਿਸ ਨੇ 33 ਵਿਅਕਤੀਆਂ ਨੂੰ ਨਸ਼ਾ ਛੱਡਣ ਦਾ ਇਲਾਜ ਲੈਣ ਲਈ ਕੀਤਾ ਰਾਜ਼ੀ

ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ 'ਚੋਂ ਨਸ਼ਿਆਂ ਦੇ ਖ਼ਾਤਮੇ ਲਈ ਤਿੰਨ-ਪੱਖੀ ਰਣਨੀਤੀ-ਇਨਫੋਰਸਮੈਂਟ, ਡੀ-ਅਡਿਕਸ਼ਨ ਤੇ ਪ੍ਰੀਵੈਂਸ਼ਨ (ਈ.ਡੀ.ਪੀ.)- ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ 33 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।



ਛੱਠ ਵਰਤ ਰੱਖਣ ਵਾਲੇ ਸ਼ਰਧਾਲੂ ਸੈਕਟਰ-42, ਚੰਡੀਗੜ੍ਹ ਵਿਖੇ ਨਵੀਂ ਝੀਲ 'ਤੇ ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਆਪਣਾ ਵਰਤ ਖੋਲ੍ਹਦੇ ਹੋਏ। ਤਸਵੀਰ : ਗੁਰਿੰਦਰ ਸਿੰਘ

# ਚੰਡੀਗੜ੍ਹ 'ਚ ਛੱਠ ਪੂਜਾ ਦਾ ਵਰਤ ਰੱਖਣ ਵਾਲਿਆਂ ਨੇ ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਖੋਲ੍ਹਿਆ ਵਰਤ

ਚੰਡੀਗੜ੍ਹ, 28 ਅਕਤੂਬਰ (ਅਜਾਇਬ ਸਿੰਘ ਔਜਲਾ)-ਸਥਾਨਕ ਸੈਕਟਰ-42 ਵਿਚ ਨਵੀਂ ਝੀਲ ਤੋਂ ਇਲਾਵਾ, ਸ਼ਰਧਾਲੂਆਂ ਨੇ ਮਲੋਆ ਪਿੰਡ, ਮਲੋਆ ਕਾਲੋਨੀ, ਸਮਾਲ ਫਲੈਟਸ, ਧਨਾਸ, ਬਹਿਲਨਾ, ਰਾਏਪੁਰਖੁਰਦ, ਦੜਵਾ, ਹੱਲੋਮਾਜਰਾ, ਰਾਮ ਦਰਬਾਰ ਅਤੇ ਸੈਕਟਰ 47 ਆਦਿ ਥਾਵਾਂ 'ਤੇ ਛੱਠ ਪੂਜਾ ਦਾ ਵਰਤ ਰੱਖਣ ਵਾਲਿਆਂ ਨੇ ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਆਪਣਾ ਵਰਤ ਖੋਲ੍ਹਿਆ ਗਿਆ। ਲੋਕ ਵਿਸ਼ਵਾਸ ਅਤੇ ਸੂਰਜ ਪੂਜਾ ਦਾ ਮਹਾਨ ਤਿਉਹਾਰ, ਛੱਠ, ਮੰਗਲਵਾਰ ਨੂੰ ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਤੇ ਪ੍ਰਾਰਥਨਾ ਕਰਨ ਨਾਲ ਸਮਾਪਤ ਹੋਇਆ। ਸ਼ਰਧਾਲੂ ਸੋਮਵਾਰ ਦੇਰ ਰਾਤ ਘਾਟਾਂ 'ਤੇ ਪਹੁੰਚਣੇ ਸ਼ੁਰੂ ਹੋ ਗਏ ਸਨ।

ਵਰਤ ਰੱਖਣ ਵਾਲੀਆਂ ਮਹਿਲਾਵਾਂ ਆਪਣੇ ਪਰਿਵਾਰਾਂ ਨਾਲ ਛੱਠ ਘਾਟਾਂ 'ਤੇ ਪਹੁੰਚੀਆਂ। ਸਾਰੇ ਛੱਠ ਘਾਟਾਂ ਨੂੰ ਆਕਰਸ਼ਕ ਢੰਗ ਨਾਲ ਸਜਾਇਆ ਗਿਆ ਸੀ। ਛੱਠ ਘਾਟਾਂ 'ਤੇ ਹਾਰ ਪਾਏ ਗਏ। ਨਿਊ ਝੀਲ ਸੈਕਟਰ-42 ਵਿਖੇ ਸ਼ਰਧਾਲੂਆਂ ਦੇ ਆਪਣੇ ਪਰਿਵਾਰਾਂ ਨਾਲ ਛੱਠ ਘਾਟ ਪਹੁੰਚਣ ਦਾ ਸਿਲਸਿਲਾ ਦੇਰ ਰਾਤ ਤੋਂ ਹੀ ਸ਼ੁਰੂ ਹੋ ਗਿਆ ਸੀ। ਲੋਕ ਪੈਦਲ ਚੱਲ ਰਹੇ ਸਨ। ਉਹ ਛੱਠ ਦੇ ਗੀਤ ਗਾਉਂਦੇ ਆ ਰਹੇ ਸਨ। ਪੂਰਵਾਂਚਲ ਵੈੱਲਫੇਅਰ ਐਸੋਸੀਏਸ਼ਨ, ਬਿਹਾਰ ਪ੍ਰੀਸ਼ਦ, ਪੂਰਵਾਂਚਲ ਯੁਵਾ ਸੇਵਾ ਸਮਿਤੀ ਨੇ ਛੱਠ ਸ਼ਰਧਾਲੂਆਂ ਦੇ ਸਵਾਗਤ ਲਈ ਪੰਡਾਲ ਵੀ ਸਜਾਇਆ ਗਿਆ ਸੀ।

## 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰਾਂ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਚੰਡੀਗੜ੍ਹ/ਐਸ.ਏ.ਐਸ. ਨਗਰ**

ਪ੍ਰੋ. ਅਵਤਾਰ ਸਿੰਘ 94172-20400
ਡੀ-219, ਫੇਜ਼ 8-ਬੀ 0172-5021957
ਫੋਕਲ ਪੁਆਇੰਟ, ਇੰਡਸਟਰੀਅਲ 5014667
ਏਰੀਆ, ਸਾਹਮਣੇ ਮੁਹਾਲੀ ਕੋਰਟ

## ਨੋਟਿਸ

ਇਸ ਨੋਟਿਸ ਰਾਹੀ ਆਮ ਜਨਤਾ ਨੂੰ ਸੂਚਿਤ ਕੀਤਾ ਜਾਦਾ ਹੈ ਕਿ ਨਿਮਨਹਸਤਾਖਰ ਦੇ ਦਫਤਰ ਉਪ ਮੰਡਲ ਮੈਜਿਸਟਰੇਟ, ਮੋਹਾਲੀ ਵਿੱਚ ਮ੍ਰਿਤਕ ਹਰਬੰਤ ਸਿੰਘ ਪੁੱਤਰ ਬਖਸੀਸ ਸਿੰਘ ਵਾਸੀ ਪਿੰਡ ਲਾਡਰਾਂ ਤਹਿ ਵਾ ਜਿਲ੍ਹਾ ਐਸ.ਏ.ਐਸ.ਨਗਰ ਦਾ ਵਰਾਸਤ ਇੰਤਕਾਲ ਨੰਬਰ:2178 ਪੇਸ਼ ਹੋਇਆ ਹੈ। ਹਰਬੰਤ ਸਿੰਘ ਦੀ ਮੌਤ ਮਿਤੀ:16.3.2005 ਨੂੰ ਹੋ ਚੁੱਕੀ ਹੈ। ਹਰਬੰਤ ਸਿੰਘ ਵੱਲੋ ਇੱਕ ਖਾਨਗੀ ਵਸੀਅਤ ਮਿਤੀ:12.02.2002 ਨੂੰ ਆਪਣੇ ਪੁੱਤਰਾ ਦੇ ਹੱਕ ਵਿੱਚ ਬਣਾਈ ਸੀ। ਖਾਨਗੀ ਵਸੀਅਤ ਅਨੁਸਾਰ ਹਲਕਾ ਪਟਵਾਰੀ ਵੱਲੋ ਇੰਤਕਾਲ ਦਰਜ ਕਰਕੇ ਮੁਤਨਾਜਾ ਹੋ ਇਸ ਦਫਤਰ ਵਿੱਚ ਪੇਸ਼ ਕੀਤਾ ਗਿਆ ਹੈ। ਖਾਨਗੀ ਵਸੀਅਤ ਅਨੁਸਾਰ ਉਕਤ ਇੰਤਕਾਲ ਬਲਵਿੰਦਰ ਸਿੰਘ ਅਤੇ ਜਤਿੰਦਰ ਸਿੰਘ ਪੁੱਤਰ ਹਰਬੰਤ ਸਿੰਘ ਦੇ ਨਾਮਾ ਉੱਤੇ ਦਰਜ ਕਰਕੇ ਪ੍ਰਵਾਨ ਕਰਨ ਲਈ ਨਿਮਨਹਸਤਾਖਰ ਕੋਲ ਪੇਸ ਹੋਇਆ ਹੈ।ਉਕਤ ਖਾਨਗੀ ਵਸੀਅਤ ਲਿਖਾਰੀ ਅਤੇ ਗਵਾਹਾ ਦੀ ਮੋਤ ਹੋ ਚੁੱਕੀ ਹੈ।ਇਸ ਲਈ ਇਸ ਨੋਟਿਸ ਰਾਹੀ ਆਮ ਜਨਤਾ ਨੂੰ ਦਸਿਆ ਜਾਦਾ ਹੈ ਕਿ ਜੇਕਰ ਕਿਸੇ ਨੂੰ ਵੀ ਇੰਤਕਾਲ ਨੰਬਰ:2178 ਪਿੰਡ ਚੱਪੜਚਿੜੀ ਕਲਾਂ ਉੱਤੇ ਕੋਈ ਇਤਰਾਜ ਹੈ ਤਾਂ ਉਹ ਆਪਣਾ ਇਤਰਾਜ ਮਿਤੀ:13.11.2025 ਤੱਕ ਇਸ ਵਿੱਚ ਹਾਜਰ ਹੋ ਕਿ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।ਜੇਕਰ ਮਿਤੀ:13.11.2025 ਤੱਕ ਕਿਸੇ ਦਾ ਵੀ ਇਤਰਾਜ ਇਸ ਦਫਤਰ ਵਿਖੇ ਪੇਸ਼ ਨਹੀ ਹੁੰਦਾ ਤਾਂ ਉਕਤ ਇੰਤਕਾਲ ਪਿੰਡ ਚੱਪੜਚਿੜੀ ਕਲਾਂ ਮਿਤੀ:14.11.2025 ਜਿਵੇ ਦਰਜ ਹੋਇਆ ਹੈ ਪ੍ਰਵਾਨ ਕਰ ਦਿੱਤਾ ਜਾਵੇਗਾ।

ਦਮਨਦੀਪ ਕੌਰ, ਪੀ.ਸੀ.ਐਸ,
ਉਪ ਮੰਡਲ ਮੈਜਿਸਟਰੇਟ,ਮੋਹਾਲੀ।

# ਰਾਜਾ ਵੜਿੰਗ ਦਾ ਅਫੀਮ-ਭੁੱਕੀ ਵਾਲਾ ਬਿਆਨ 'ਕਮਜ਼ੋਰ ਮਾਨਸਿਕਤਾ' ਦੀ ਨਿਸ਼ਾਨੀ- ਨੀਲ ਗਰਗ

ਚੰਡੀਗੜ੍ਹ, 28 ਅਕਤੂਬਰ (ਅਜੀਤ ਬਿਊਰੋ)-ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵਲੋਂ ਨਸ਼ਿਆਂ ਦੇ ਬਦਲ ਵਜੋਂ ਅਫ਼ੀਮ ਜਾਂ ਭੁੱਕੀ ਦੀ ਖੇਤੀ ਦੀ ਵਕਾਲਤ ਕਰਨ ਵਾਲੇ ਬਿਆਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਇਸ ਨੂੰ ਕਾਂਗਰਸ ਦੀ 'ਕਮਜ਼ੋਰ ਮਾਨਸਿਕਤਾ' ਦੀ ਨਿਸ਼ਾਨੀ ਕਰਾਰ ਦਿੱਤਾ ਹੈ। ਨੀਲ ਗਰਗ ਨੇ ਕਿਹਾ ਕਿ ਇਕ ਨਸ਼ੇ ਦਾ ਬਦਲ ਕਦੇ ਵੀ ਦੂਜਾ ਨਸ਼ਾ ਨਹੀਂ ਹੋ ਸਕਦਾ। ਰਾਜਾ ਵੜਿੰਗ ਦਾ ਇਹ ਬਿਆਨ ਕਾਂਗਰਸ ਦੀ ਉਸੇ ਪੁਰਾਣੀ ਮਾਨਸਿਕਤਾ ਦਾ ਸਬੂਤ ਹੈ, ਜਿਸ ਕਾਰਨ ਉਹ ਪੰਜਾਬ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਵਿਚ ਬੁਰੀ ਤਰ੍ਹਾਂ ਨਾਕਾਮ ਰਹੇ ਹਨ। ਉਨ੍ਹਾਂ ਕਾਂਗਰਸ ਨੂੰ ਉਸ ਦਾ ਇਤਿਹਾਸ ਯਾਦ ਦਿਵਾਉਂਦਿਆਂ ਕਿਹਾ ਕਿ 2017 ਵਿਚ ਕਾਂਗਰਸ ਦੇ ਤਤਕਾਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਪਵਿੱਤਰ ਗੁਟਕਾ ਸਾਹਿਬ ਦੀ ਸਹੁੰ ਚੁੱਕ ਕੇ ਚਾਰ ਹਫ਼ਤਿਆਂ ਵਿਚ ਨਸ਼ੇ ਖਤਮ ਕਰਨ ਦਾ ਵਾਅਦਾ ਕੀਤਾ ਸੀ, ਪਰ ਪੰਜ ਸਾਲ ਸਰਕਾਰ ਚਲਾਉਣ ਦੇ ਬਾਵਜੂਦ ਉਹ ਆਪਣਾ ਵਾਅਦਾ ਪੂਰਾ ਨਹੀਂ ਕਰ ਸਕੇ। ਨੀਲ ਗਰਗ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀ ਨਸ਼ਿਆਂ ਵਿਰੁੱਧ ਜਾਰੀ ਜੰਗ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਨਸ਼ਿਆਂ ਵਿਰੁੱਧ ਇੱਕ ਯੋਜਨਾਬੱਧ ਤਰੀਕੇ ਨਾਲ 'ਯੁੱਧ' ਛੇੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਤਿੰਨ ਮੋਰਚਿਆਂ 'ਤੇ ਇੱਕੋ ਸਮੇਂ ਕੰਮ ਕਰ ਰਹੀ ਹੈ। ਪਹਿਲਾਂ, ਸਰਕਾਰ ਨੇ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸਦਿਆਂ ਨਸ਼ਿਆਂ ਦੀ ਸਪਲਾਈ ਚੇਨ ਨੂੰ ਲਗਭਗ ਪੂਰੀ ਤਰ੍ਹਾਂ ਤੋੜ ਦਿੱਤਾ ਹੈ। ਨੀਲ ਗਰਗ ਨੇ ਦਾਅਵਾ ਕੀਤਾ ਕਿ ਜਦੋਂ ਸਰਕਾਰ ਇਨ੍ਹਾਂ ਤਿੰਨਾਂ ਮੋਰਚਿਆਂ 'ਤੇ ਇਮਾਨਦਾਰੀ ਨਾਲ ਕੰਮ ਕਰਦੀ ਹੈ ਤਾਂ ਨਸ਼ੇ ਯਕੀਨਨ ਖਤਮ ਹੁੰਦੇ ਹਨ, ਅਤੇ ਪੰਜਾਬ ਵਿਚ ਇਹ ਹੁਣ ਦਿਖਾਈ ਦੇ ਰਿਹਾ ਹੈ।

# ਪੀ. ਜੀ. ਆਈ. ਦੀ ਸਿਹਤ ਤੇ ਸਿੱਖਿਆ ਲਈ ਦੇਹ ਕੀਤੀ ਦਾਨ



ਜਗਜੀਤ ਸਿੰਘ।

ਚੰਡੀਗੜ੍ਹ, 28 ਅਕਤੂਬਰ (ਮਾਰਕੰਡਾ)-ਪੀ. ਜੀ. ਆਈ. ਐੱਮ. ਈ. ਆਰ. ਚੰਡੀਗੜ੍ਹ ਦੇ ਐਨਾਟੋਮੀ ਵਿਭਾਗ ਨੂੰ ਜਗਜੀਤ ਸਿੰਘ ਪੁੱਤਰ ਸੁਲੇਖ ਸਿੰਘ ਉਮਰ 85 ਸਾਲ ਨਿਵਾਸੀ ਬੜੂਨਾ (ਸੋਲਨ) ਦੀ ਦੇਹ ਪ੍ਰਾਪਤ ਹੋਈ, ਜਿਨ੍ਹਾਂ ਦੀ ਮੌਤ 26 ਅਕਤੂਬਰ ਨੂੰ ਪੀ.ਜੀ.ਆਈ. ਵਿਖੇ ਹੋਈ ਸੀ। ਇਸ ਮੌਕੇ ਉਨ੍ਹਾਂ ਦੀ ਪਤਨੀ ਗੁਲਜ਼ਾਰ ਕੌਰ, ਪੁੱਤਰ ਗੁਰਿੰਦਰ ਸਿੰਘ ਅਤੇ ਪਰਮਿੰਦਰ ਸਿੰਘ, ਧੀ ਬਲਜੀਤ ਕੌਰ, ਨੂੰਹ ਸੁਸ਼ੀਲ ਕੌਰ ਅਤੇ ਪੋਤਾ ਹਰਮਨਪ੍ਰੀਤ ਸਿੰਘ ਨੇ ਉਨ੍ਹਾਂ ਦੀ ਦਿੱਲੀ ਇੱਛਾ ਮੁਤਾਬਕ ਉਨ੍ਹਾਂ ਦੀ ਦੇਹ ਨੂੰ ਪੀ.ਜੀ.ਆਈ. ਦੀ ਸਿਹਤ ਅਤੇ ਸਿੱਖਿਆ ਲਈ ਦਾਨ ਕਰ ਦਿੱਤੀ। ਵਿਭਾਗ ਨੇ ਪਰਿਵਾਰਕ ਮੈਂਬਰਾਂ ਦੀ ਇਸ ਨੇਕ ਕਾਰਜ ਲਈ ਪ੍ਰਸ਼ੰਸਾ ਕੀਤੀ।

# ਡੀ. ਸੀ. ਨੇ ਕੀਤੀ ਯੂ. ਟੀ. ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਮੀਟਿੰਗ

## ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੌਰਾਨ ਅਧਿਕਾਰੀਆਂ ਨੂੰ ਪ੍ਰੋਜੈਕਟਾਂ 'ਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼

ਚੰਡੀਗੜ੍ਹ, 28 ਅਕਤੂਬਰ (ਸੰਦੀਪ ਕੁਮਾਰ ਮਾਹਨਾ)-ਚੰਡੀਗੜ੍ਹ ਸ਼ਹਿਰ 'ਚ ਸੜਕ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਆਵਾਜਾਈ ਪ੍ਰਣਾਲੀ ਨੂੰ ਸੁਚਾਰੂ ਬਣਾਉਣ ਲਈ ਡਿਪਟੀ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਦੀ ਅਗਵਾਈ ਹੇਠ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਸ਼ਹਿਰ 'ਚ ਚਲ ਰਹੇ ਸੜਕ ਸੁਰੱਖਿਆ ਪ੍ਰੋਜੈਕਟਾਂ ਅਤੇ ਬੁਨਿਆਦੀ ਢਾਂਚੇ ਨਾਲ ਜੁੜੇ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਮੀਟਿੰਗ 'ਚ ਐੱਸ. ਐੱਸ. ਪੀ. (ਟ੍ਰੈਫ਼ਿਕ ਅਤੇ ਸੁਰੱਖਿਆ), ਇੰਜੀਨੀਅਰਿੰਗ ਵਿਭਾਗ, ਸਿਹਤ ਵਿਭਾਗ, ਨਗਰ ਨਿਗਮ ਚੰਡੀਗੜ੍ਹ ਅਤੇ ਐੱਨ.ਐੱਚ.ਏ.ਆਈ. ਦੇ ਸੀਨੀਅਰ ਅਧਿਕਾਰੀ ਹਾਜ਼ਰ ਰਹੇ। ਡਿਪਟੀ ਕਮਿਸ਼ਨਰ ਨੇ ਇੰਜੀਨੀਅਰਿੰਗ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਸਾਈਕਲ ਟਰੈਕਾਂ ਦੀ ਤਿਆਰੀ 'ਚ ਕੰਕਰੀਟ ਦੀ ਬਜਾਏ ਬਿਟੂਮਨ ਸਮੱਗਰੀ ਦੀ ਵਰਤੋਂ ਕੀਤੀ ਜਾਵੇ ਤਾਂ ਜੋ ਸਾਈਕਲ ਸਵਾਰਾਂ ਨੂੰ ਬਿਹਤਰ ਸਹੂਲਤਾਂ ਅਤੇ ਸੁਰੱਖਿਅਤ ਸਫ਼ਰ ਦੀ ਸੁਵਿਧਾ ਮਿਲ ਸਕੇ। ਉਨ੍ਹਾਂ ਨੇ ਹੱਲੋਮਾਜਰਾ ਲਾਈਟ ਪੁਆਇੰਟ ਤੋਂ ਬਹਿਲਾਣਾ ਲਾਈਟ ਪੁਆਇੰਟ ਤੱਕ ਚੱਲ ਰਹੇ ਸਾਈਕਲ ਟਰੈਕ ਦੇ ਕੰਮ 'ਤੇ ਚਿੰਤਾ ਜਤਾਈ ਅਤੇ ਅਧਿਕਾਰੀਆਂ ਨੂੰ ਇਹ ਪ੍ਰੋਜੈਕਟ ਜਲਦ ਤੋਂ ਜਲਦ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਸਾਰੇ ਵਿਭਾਗਾਂ ਨੂੰ ਹੁਕਮ ਦਿੱਤੇ ਕਿ ਸਪੀਡ ਸੀਮਾ, ਚਿਤਾਵਨੀ ਅਤੇ ਟ੍ਰੈਫ਼ਿਕ ਸਲਾਹ ਸਬੰਧੀ ਸਾਰੇ ਸੂਚਕ ਬੋਰਡ 'ਇੰਡੀਅਨ ਰੋਡਜ਼ ਕਾਂਗਰਸ' (ਆਈ. ਆਰ. ਸੀ.) ਦੇ ਨਵੇਂ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਗਾਏ ਜਾਣ ਤਾਂ ਜੋ ਸ਼ਹਿਰ ਭਰ 'ਚ ਇੱਕਸਾਰਤਾ ਅਤੇ ਰਾਸ਼ਟਰੀ ਮਿਆਰਾਂ ਦਾ ਪਾਲਣ ਯਕੀਨੀ ਬਣ ਸਕੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਹਾਲ ਹੀ ਵਿਚ ਚੰਡੀਗੜ੍ਹ 'ਚ ਲਾਗੂ ਕੀਤੇ ਕਈ ਸੁਰੱਖਿਆ ਉਪਾਵਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ 'ਚ 'ਰੰਬਲ ਸਟ੍ਰਿਪਸ' ਲਗਾ ਕੇ ਵਾਹਨਾਂ ਦੀ ਗਤੀ 'ਤੇ ਕਾਬੂ, ਜ਼ੈਬਰਾ ਕਰਾਸਿੰਗ ਅਤੇ ਸਟਾਪ ਲਾਈਨਾਂ ਦੇ ਚਿੰਨ੍ਹ ਸਾਫ਼ ਕਰਕੇ ਪੈਦਲ ਯਾਤਰੀਆਂ ਦੀ ਸੁਰੱਖਿਆ ਵਧਾਉਣਾ ਅਤੇ ਅਹਿਮ ਚੌਰਾਹਿਆਂ ਜਿਵੇਂ ਸੈਕਟਰ 52/53-42/43 ਅਤੇ 41/42-54/55 'ਤੇ 'ਅਡੈਪਟਿਵ ਟ੍ਰੈਫਿਕ ਕੰਟਰੋਲ' (ਏਟੀਸੀ) ਸਿਗਨਲ ਲਗਾਉਣਾ ਸ਼ਾਮਲ ਹੈ।

ਡੀ. ਸੀ. ਨਿਸ਼ਾਂਤ ਕੁਮਾਰ ਯਾਦਵ ਨੇ ਸਾਰੇ ਸੰਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਸੜਕ ਸੁਰੱਖਿਆ ਅਤੇ ਢਾਂਚਾਤਮਕ ਪ੍ਰੋਜੈਕਟਾਂ ਨੂੰ ਨਿਰਧਾਰਿਤ ਸਮੇਂ ਅੰਦਰ ਪੂਰਾ ਕੀਤਾ ਜਾਵੇ ਤਾਂ ਜੋ ਚੰਡੀਗੜ੍ਹ ਦੇ ਨਾਗਰਿਕਾਂ ਨੂੰ ਸੁਰੱਖਿਅਤ, ਆਸਾਨ ਅਤੇ ਸੁਚਾਰੂ ਆਵਾਜਾਈ ਸਹੂਲਤਾਂ ਹਾਸਲ ਹੋ ਸਕਣ। ਉਨ੍ਹਾਂ ਨੇ ਕਿਹਾ ਕਿ ਸ਼ਹਿਰ ਨੂੰ 'ਸੁਰੱਖਿਅਤ ਅਤੇ ਸਮਾਰਟ ਟ੍ਰੈਫ਼ਿਕ ਮਾਡਲ' ਵਜੋਂ ਵਿਕਸਤ ਕਰਨ ਲਈ ਸਾਰੇ ਵਿਭਾਗਾਂ ਵਿਚਕਾਰ ਸਹਿਯੋਗ ਤੇ ਤਾਲਮੇਲ ਬੇਹੱਦ ਜ਼ਰੂਰੀ ਹੈ।



ਚੰਡੀਗੜ੍ਹ ਦੇ ਡੀ. ਸੀ. ਨਿਸ਼ਾਂਤ ਕੁਮਾਰ ਯਾਦਵ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਨਾਲ ਯੂਟੀ ਪ੍ਰਸ਼ਾਸਨ ਦੇ ਅਧਿਕਾਰੀ। ਤਸਵੀਰ : ਗੁਰਿੰਦਰ ਸਿੰਘ


